ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਮੋਗਾ

**ਪੰਜਾਬ ਹਰ ਵਰਗ ਦੇ ਲੋਕਾਂ ਨੂੰ ਵੱਡੀਆਂ ਸਹੂਲਤਾਂ ਪ੍ਰਦਾਨ ਕਰਨ ਵਾਲਾ ਪਹਿਲਾ ਸੂਬਾ-ਸ਼ਰਨਜੀਤ ਸਿੰਘ ਢਿੱਲੋਂ**

- **ਮੁੱਖ ਮੰਤਰੀ ਸ. ਪਰਕਾਸ਼ ਸਿੰਘ ਬਾਦਲ ਨੇ ਲਾਭਪਾਤਰੀਆਂ ਦੀ ਪੈਨਸ਼ਨ ਰਾਸ਼ੀ ਦੁੱਗਣੀ ਕਰਕੇ ਗਰੀਬ ਵਰਗ ਦੇ ਲੋਕਾਂ ਦਾ ਮਾਣ ਵਧਾਇਆ**
- **ਜ਼ਿਲ੍ਹਾ ਮੋਗਾ ਦੇ 74,399 ਲਾਭਪਾਤਰੀਆਂ ਨੂੰ ਹਰ ਮਹੀਨੇ 3.72 ਕਰੋੜ ਰੁਪਏ ਪੈਨਸ਼ਨ ਮੁਹੱਈਆ ਕਰਵਾਈ ਜਾਂਦੀ ਹੈ**
- **24 ਲਾਭਪਾਤਰੀਆਂ ਨੂੰ ਬੁਢਾਪਾ ਪੈਨਸ਼ਨ ਦੀ ਦੁੱਗਣੀ ਹੋਈ ਪੈਨਸ਼ਨ ਰਾਸ਼ੀ ਕੀਤੀ ਤਕਸੀਮ**
- **ਪਿਛਲੇ 9 ਸਾਲਾਂ 'ਚ ਸੂਬੇ ਨੇ ਹਰ ਪੱਖੋਂ ਰਿਕਾਰਡ-ਤੋੜ ਤਰੱਕੀ ਕੀਤੀ**
- **ਆਈ.ਐਸ.ਐਫ਼ ਕਾਲਜ ਮੋਗਾ ਵਿਖੇ ਜ਼ਿਲ੍ਹਾ ਪੱਧਰੀ ਬੁਢਾਪਾ ਪੈਨਸ਼ਨ ਵੰਡ ਸਮਾਰੋਹ ਦੀ ਕੀਤੀ ਪ੍ਰਧਾਨਗੀ**

ਮੋਗਾ ਫ਼ਰਵਰੀ 18:

ਪੰਜਾਬ ਹਰ ਵਰਗ ਦੇ ਲੋਕਾਂ ਨੂੰ ਵੱਡੀਆਂ ਸਹੂਲਤਾਂ ਪ੍ਰਦਾਨ ਕਰਨ ਵਾਲਾ ਪਹਿਲਾ ਸੂਬਾ ਹੈ, ਜਦ ਕਿ ਦੇਸ਼ ਦੇ ਹੋਰ ਕਿਸੇ ਵੀ ਸੂਬੇ ਵੱਲੋਂ ਲੋਕਾਂ ਨੂੰ ਅਜਿਹੀਆਂ ਰਿਆਇਤਾਂ ਨਹੀਂ ਦਿੱਤੀਆਂ ਜਾ ਰਹੀਆਂ ਹਨ।

ਇਹ ਪ੍ਰਗਟਾਵਾ ਸ. ਸ਼ਰਨਜੀਤ ਸਿੰਘ ਢਿੱਲੋਂ ਸਿੰਚਾਈ ਮੰਤਰੀ ਪੰਜਾਬ ਨੇ ਅੱਜ ਆਈ.ਐਸ.ਐਫ਼ ਕਾਲਜ ਮੋਗਾ ਵਿਖੇ ਜ਼ਿਲ੍ਹਾ ਪੱਧਰੀ ਬੁਢਾਪਾ ਪੈਨਸ਼ਨ ਵੰਡ ਸਮਾਰੋਹ ਨੂੰ ਸੰਬੋਧਨ ਕਰਦਿਆਂ ਕੀਤਾ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ 1 ਜਨਵਰੀ, 2016 ਤੋਂ ਪੈਨਸ਼ਨ ਲਾਭਪਾਤਰੀਆਂ ਦੀ ਪੈਨਸ਼ਨ 250 ਰੁਪਏ ਤੋਂ ਵਧਾ ਕੇ 500 ਰੁਪਏ ਪ੍ਰਤੀ ਮਹੀਨਾ ਕੀਤੀ ਗਈ ਹੈ, ਜ਼ਿਸ ਨਾਲ ਮੋਗਾ ਜ਼ਿਲ੍ਹੇ ਦੇ ਕੁੱਲ 74,399 ਲਾਭਪਾਤਰੀਆਂ ਨੂੰ ਫ਼ਾਇਦਾ ਪਹੁੰਚਿਆ ਹੈ ਜਿੰਨ੍ਹਾਂ ਵਿੱਚੋਂ 61,112 ਲਾਭਪਾਤਰੀ ਪੇਂਡੂ ਖੇਤਰ ਅਤੇ 13,287 ਲਾਭਪਾਤਰੀ ਸ਼ਹਿਰੀ ਖੇਤਰ ਨਾਲ ਸਬੰਧਤ ਹਨ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਬਜ਼ੁਰਗਾਂ ਨੂੰ ਬੈਂਕਾਂ 'ਚ ਪੈਨਸ਼ਨ ਪ੍ਰਾਪਤ ਕਰਨ 'ਚ ਆਉਂਦੀ ਮੁਸ਼ਕਲ ਨੂੰ ਧਿਆਨ ਵਿੱਚ ਰੱਖਦਿਆਂ ਇਹ ਪੈਨਸ਼ਨ ਮਹੀਨਾ ਜਨਵਰੀ, 2016 ਤੋਂ ਮੁੜ ਪੰਚਾਇਤਾਂ ਰਾਹੀਂ ਵੰਡਣ ਦੇ ਫ਼ੈਸਲੇ 'ਤੇ ਅਮਲ ਸ਼ੁਰ ਕਰ ਦਿੱਤਾ ਗਿਆ ਹੈ, ਇਸ ਨਾਲ ਲਾਭਪਾਤਰੀਆਂ ਨੂੰ ਘਰ 'ਚ ਬੈਠੇ ਹੀ ਸਮੇਂ ਸਿਰ ਪੈਨਸ਼ਨ ਮਿਲੇਗੀ ਅਤੇ ਉਨ੍ਹਾਂ ਨੂੰ ਬੈਂਕਾਂ ਦੇ ਵਾਧੂ ਚੱਕਰ ਨਹੀਂ ਕੱਟਣੇ ਪੈਣਗੇ। ਉਨ੍ਹਾਂ ਦੱਸਿਆ ਕਿ ਸਮੁੱਚੇ ਪੰਜਾਬ ਵਿੱਚ ਤਕਰੀਬਨ 17.29 ਲੱਖ ਲਾਭਪਾਤਰੀਆਂ ਨੂੰ ਹਰ ਮਹੀਨੇ 86.25 ਕਰੋੜ ਰੁਪਏ ਦੀ ਰਾਸ਼ੀ ਬੁਢਾਪਾ, ਵਿਧਵਾ, ਆਸ਼ਰਿਤ ਬੱਚੇ ਅਤੇ ਅੰਗਹੀਣ ਪੈਨਸ਼ਨ ਦੇ ਰੂਪ 'ਚ ਦਿੱਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਇਸੇ ਤਰ੍ਹਾਂ ਜ਼ਿਲ੍ਹਾ ਮੋਗਾ 'ਚ 74,399 ਲਾਭਪਾਤਰੀਆਂ ਨੂੰ ਹਰ ਮਹੀਨੇ 3.72 ਕਰੋੜ ਰੁਪਏ ਪੈਨਸ਼ਨ ਦੇ ਰੂਪ 'ਚ ਦਿੱਤੇ ਜਾਂਦੇ ਹਨ।

ਸ. ਢਿੱਲੋਂ ਨੇ ਕਿਹਾ ਕਿ ਸ੍ਰੋਮਣੀ ਅਕਾਲੀ ਦਲ-ਭਾਜਪਾ ਸਰਕਾਰ ਦੇ ਰਾਜ-ਕਾਲ ਦੌਰਾਨ ਹੀ ਸੂਬੇ ਦਾ ਚਹੁੰ-ਪੱਖੀ ਵਿਕਾਸ ਹੋਇਆ ਹੈ ਅਤੇ ਪਿਛਲੇ 9 ਸਾਲਾਂ 'ਚ ਸੂਬੇ ਨੇ ਹਰ ਪੱਖੋਂ ਰਿਕਾਰਡ-ਤੋੜ ਤਰੱਕੀ ਕੀਤੀ ਹੈ। ਉਨ੍ਹਾਂ ਕਿਹਾ ਕਿ ਸੂਬੇ ਦੇ ਮੁੱਖ ਮੰਤਰੀ ਸ. ਪਰਕਾਸ਼ ਸਿੰਘ ਬਾਦਲ ਨੇ ਲਾਭਪਾਤਰੀਆਂ ਦੀ ਪੈਨਸ਼ਨ ਰਾਸ਼ੀ ਦੁੱਗਣੀ ਕਰਕੇ ਅਤੇ ਸ਼ਗਨ ਸਕੀਮ ਦੀ ਰਾਸ਼ੀ 5100 ਤੋਂ ਵਧਾ ਕੇ 15 ਹਜ਼ਾਰ ਰੁਪਏ ਕਰਕੇ ਗਰੀਬ ਵਰਗ ਦੇ ਲੋਕਾਂ ਦਾ ਮਾਣ ਵਧਾਇਆ ਹੈ। ਇਸ ਤੋਂ ਇਲਾਵਾ ਸਰਕਾਰ ਵੱਲੋਂ ਆਟਾ-ਦਾਲ ਸਕੀਮ, ਮਾਈ ਭਾਗੋ ਵਿੱਦਿਆ ਸਕੀਮ ਤਹਿਤ ਸਕੂਲੀ ਵਿਦਿਆਰਥਣਾ ਨੂੰ ਸਾਈਕਲ ਵੰਡ ਅਤੇ ਹੋਰ ਅਨੇਕਾਂ ਭਲਾਈ ਸਕੀਮਾਂ ਸ਼ੁਰੂ ਕੀਤੀਆਂ ਗਈਆਂ ਹਨ, ਜੋ ਇਸੇ ਤਰ੍ਹਾਂ ਲਗਾਤਾਰ ਜਾਰੀ ਰਹਿਣਗੀਆਂ। ਉਨ੍ਹਾਂ ਦੱਸਿਆ ਕਿ ਆਉਣ ਵਾਲੇ ਅਪ੍ਰੈਲ ਮਹੀਨੇ ਤੋਂ ਸੂਬੇ 'ਚ ਸੰਗਠਿਤ ਸੇਵਾ ਪ੍ਰਦਾਨ ਕੇਂਦਰਾਂ ਰਾਹੀਂ ਲੋਕਾਂ ਨੂੰ ਸਹੂਲਤਾਂ ਮਿਲਣੀਆਂ ਸ਼ੁਰੂ ਹੋ ਜਾਣਗੀਆਂ। ਸ. ਢਿੱਲੋਂ ਨੇ ਸਮਾਗਮ ਦੀ ਸ਼ੁਰੂਆਤ ਸ਼ਮ੍ਹਾਂ ਰੋਸ਼ਨ ਕਰਕੇ ਕੀਤੀ।

ਇਸ ਮੌਕੇ ਸ. ਢਿੱਲੋਂ ਨੇ 24 ਲਾਭਪਾਤਰੀਆਂ ਨੂੰ ਬੁਢਾਪਾ ਪੈਨਸ਼ਨ ਦੀ ਦੁੱਗਣੀ ਹੋਈ ਪੈਨਸ਼ਨ ਰਾਸ਼ੀ ਤਕਸੀਮ ਕੀਤੀ।

ਇਸ ਮੌਕੇ ਬਾਘਾਪੁਰਾਣਾ ਦੇ ਵਿਧਾਇਕ ਸ. ਮਹੇਸ਼ਇੰਦਰ ਸਿੰਘ, ਮੇਅਰ ਨਗਰ ਨਿਗਮ ਅਕਸ਼ਿਤ ਜੈਨ ਅਤੇ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਤਰਲੋਚਨ ਸਿੰਘ ਗਿੱਲ ਨੇ ਵੀ ਸਮਾਗਮ ਨੂੰ ਸੰਬੋਧਨ ਕੀਤਾ।

ਇਸ ਮੌਕੇ ਡਿਪਟੀ ਕਮਿਸ਼ਨਰ ਮੋਗਾ ਸ. ਕੁਲਦੀਪ ਸਿੰਘ ਵੈਦ ਨੇ ਮੰਤਰੀ ਨੂੰ ਜੀ ਆਇਆਂ ਕਹਿੰਦਿਆਂ ਕਿਹਾ ਕਿ ਜਿਲ੍ਹੇ ਦੀਆਂ ਸਬ-ਡਵੀਜ਼ਨਾਂ ਨਿਹਾਲ ਸਿੰਘ ਵਾਲਾ, ਬਾਘਾਪੁਰਾਣਾ ਅਤੇ ਧਰਮਕੋਟ ਵਿਖੇ ਵੀ ਲਾਭਪਾਤਰੀਆਂ ਨੂੰ ਵਧੀ ਹੋਈ ਬੁਢਾਪਾ ਪੈਨਸ਼ਨ ਦੀ ਵੰਡ ਸਬੰਧੀ ਸਮਾਗਮ ਕਰਵਾਏ ਗਏ ਹਨ। ਇਸ ਮੌਕੇ ਕਾਲਜ ਦੇ ਵਿਦਿਆਰਥੀਆਂ ਵੱਲੋਂ ਮਲਵੱਈ ਗਿੱਧਾ ਅਤੇ ਹੇਮਕੁੰਟ ਸੀਨੀਅਰ ਸੈਕੰਡਰੀ ਸਕੂਲ ਕੋਟ ਈਸੇ ਖਾਂ ਦੇ ਵਿਦਿਆਰਥੀਆਂ ਵੱਲੋਂ ਭੰਗੜਾ ਪੇਸ਼ ਕੀਤਾ ਗਿਆ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਚੇਅਰਮੈਨ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਬਰਜਿੰਦਰ ਸਿੰਘ ਬਰਾੜ, ਡਾਇਰੈਕਟਰ ਖਾਦੀ ਬੋਰਡ ਰਾਜਵੰਤ ਸਿੰਘ ਮਾਹਲਾ, ਵਧੀਕ ਡਿਪਟੀ ਕਮਿਸ਼ਨਰ ਅਰਵਿੰਦ ਪਾਲ ਸਿੰਘ ਸੰਧੂ, ਐਸ.ਡੀ.ਐਮ ਮੋਗਾ ਸੁਰਿੰਦਰ ਕੌਰ, ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਮੋਗਾ ਤੀਰਕ ਸਿੰਘ ਮਾਹਲਾ ਦੀ ਤਰਫ਼ੋ ਜਗਜੀਤ ਸਿੰਘ ਜੌੜਾ, ਸਰਕਲ ਪ੍ਰਧਾਨ ਕੁਲਦੀਪ ਸਿੰਘ ਜੋਗੇਵਾਲਾ, ਕਾਲਜ ਦੇ ਚੇਅਰਮੈਨ ਪ੍ਰਵੀਨ ਗਰਗ, ਦਵਿੰਦਰ ਤਿਵਾੜੀ, ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਉਤਮ ਕੌਰ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ/ਕ੍ਰਮਚਾਰੀ ਤੇ ਲਾਭਪਾਤਰੀ ਮੌਜੂਦ ਸਨ।

---------

ਨੰ: ਪੀ.ਆਰ(ਪ੍ਰੈ ਰੀ)2016/92








ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ, ਪੰਜਾਬ ਵੱਲੋਂ
ਵਧੀ ਹੋਈ ਬੁਢਾਪਾ ਪੈਨਸ਼ਨ
ਸਬੰਧੀ
ਮਿਤੀ 18 ਫਰਵਰੀ
ਜ਼ਿਲ੍ਹਾ ਪੱਧਰੀ
ਮੁੱਖ ਮਹਿਮਾਨ- ਸ:
ਸਿੰਚਾਈ ਮੰਤਰੀ,




ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ,
ਵਧੀ ਹੋਈ ਬੁਢਾਪਾ ਪੈਨਸ਼ਨ ਦੀ ਵੰਡ ਸਬੰਧੀ
ਮਿਤੀ 18 ਫਰਵਰੀ 2016 ਨੂੰ ਮੋਗਾ ਵਿਖੇ
ਜ਼ਿਲ੍ਹਾ ਪੱਧਰੀ ਸਮਾਗਮ
ਮੁੱਖ ਮਹਿਮਾਨ- ਸ: ਸ਼ਰਨਜੀਤ ਸਿੰਘ ਢਿੱਲੋਂ
ਸਿੰਚਾਈ ਮੰਤਰੀ, ਪੰਜਾਬ


ਇਸਤਰੀ ਤੇ ਬਾਲ ਵਿਕਾਸ ਵਿਭਾਗ,
ਪੈਨਸ਼ਨ
2016
ਸ: ਸ਼ਰਨਜੀਤ